# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-03-2025**

- ਖਪਤਕਾਰਾਂ ਦੇ ਅਧਿਕਾਰਾਂ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮਨਾਇਆ ਜਾ ਰਿਹਾ ਏ।
- ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੀ ਹੋਈ ਸਮਾਪਤੀ. ਸ੍ਰੀ ਕੇਸਗੜ੍ਹ ਸਾਹਿਬ ਤੋਂ ਸਜਾਇਆ ਗਿਆ ਮਹੱਲਾ, ਨਿਹੰਗ ਸਿੰਘਾਂ ਨੇ ਕੀਤੀ ਸ਼ਮੂਲੀਅਤ ।
- ਅਗਲੇ ਸਾਲ ਗਣਤੰਤਰ ਦਿਵਸ ਮੌਕੇ ਐਲਾਨੇ ਜਾਣ ਵਾਲੇ ਪਦਮ ਪੁਰਸਕਾਰ-2026 ਲਈ ਨਾਮਜ਼ਦਗੀਆਂ ਅੱਜ ਤੋਂ ਸ਼ੁਰੂ ਹੋ ਗਈਆਂ ਨੇ।

- ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ਹਿਰਾਂ ਵਿਚ ਵਿਸ਼ਵ ਪੱਧਰੀ ਸੜਕਾਂ ਵਿਕਸਤ ਕਰਨ ਲਈ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕਰਨ ਦਾ ਕੀਤਾ ਐਲਾਨ।
- ਭਾਰਤੀ ਰਿਜ਼ਰਵ ਬੈਂਕ ਨੂੰ  ਲੰਡਨ ਵਿਖੇ ਸੈਂਟਰਲ ਬੈਂਕਿੰਗ ਦੁਆਰਾ ਡਿਜੀਟਲ ਟ੍ਰਾਂਸਫਾਰਮੇਸ਼ਨ ਅਵਾਰਡ 2025 ਲਈ ਚੁਣਿਆ ਗਿਆ ਏ।

---------------------------------------------------------------

ਅੱਜ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਏ। ਇਹ ਹਰ ਸਾਲ 15 ਮਾਰਚ ਨੂੰ ਖਪਤਕਾਰਾਂ ਦੇ ਅਧਿਕਾਰਾਂ ਅਤੇ ਸੁਰੱਖਿਆ ਨੂੰ ਬਰਕਰਾਰ ਰੱਖਣ ਦੀ ਜ਼ਰੂਰਤ ਦੀ ਯਾਦ ਦਿਵਾਉਣ ਲਈ ਮਨਾਇਆ ਜਾਂਦਾ ਏ। ਇਹ ਦਿਨ ਸਾਰੇ ਖਪਤਕਾਰਾਂ ਦੇ ਬੁਨਿਆਦੀ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਤੇ ਉਨ੍ਹਾਂ ਦੇ ਅਧਿਕਾਰਾਂ ਦਾ ਸਤਿਕਾਰ ਤੇ ਸੁਰੱਖਿਆ ਕਰਨ ਲਈ ਉਤਸ਼ਾਹਿਤ ਕਰਨ ਦਾ ਇੱਕ ਮੌਕਾ ਵੀ ਏ। ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮੌਕੇ ਵੀਡੀਓ ਕਾਨਫਰੰਸਿੰਗ ਰਾਹੀਂ ਇਕ ਵੈਬਿਨਾਰ ਨੂੰ ਸੰਬੋਧਨ ਕਰਦੇ ਹੋਏ ਖਪਤਕਾਰ ਮਾਮਲਿਆਂ ਦੇ ਮੰਤਰੀ ਪ੍ਰਹਿਲਾਦ ਜੋਸ਼ੀ

ਨੇ  ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਏ  ਕਿ ਖਪਤਕਾਰ ਚੰਗੀ ਤਰ੍ਹਾਂ ਜਾਣੂ ਹੋਣ ਤੇ ਗੁੰਮਰਾਹਕੁੰਨ ਦਾਅਵਿਆਂ ਤੋਂ ਸੁਰੱਖਿਅਤ ਰਹਿਣ। ਸ਼੍ਰੀ ਜੋਸ਼ੀ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਨੇ ਖਪਤਕਾਰ ਸਸ਼ਕਤੀਕਰਨ 'ਤੇ ਧਿਆਨ ਕੇਂਦਰਿਤ ਕਰਕੇ ਸ਼ਿਕਾਇਤ ਨਿਵਾਰਣ ਵਿਧੀ ਨੂੰ ਆਧੁਨਿਕ ਬਣਾਇਆ ਏ ।

---------------------------------------------------------

ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੀ ਅੱਜ ਰਵਾਇਤਾਂ ਅਨੁਸਾਰ ਸਮਾਪਤੀ ਹੋ ਗਈ ਏ ।  ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਉਸ ਉਪਰੰਤ ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਵਲੋਂ ਵੱਖ ਵੱਖ ਨਿਹੰਗ ਸਿੰਘ ਜਥੇਬੰਦੀਆਂ ਨਾਲ ਮਿਲ ਕੇ ਮਹੱਲਾ ਸਜਾਇਆ ਗਿਆ ।

***Voce Cast: ਸ੍ਰੀ ਆਨੰਦਪੁਰ ਸਾਹਿਬ ਦੀ ਪੂਰੀ ਧਰਤੀ ਖਾਲਸਾਈ ਰੰਗ ਵਿੱਚ ਰੰਗੀ ਹੋਈ ਸੀ ਅਤੇ ਚਾਰੇ ਪਾਸੇ ਨੀਲੇ, ਪੀਲੇ ਤੇ ਕੇਸਰੀ ਵਸਤਰਾਂ,ਦਸਤਾਰਾਂ ਅਤੇ ਖਾਲਸਾਈ ਸ਼ਸਤਰਾਂ ਨਾਲ ਖਾਲਸਾਈ ਜਾਹੋ***

ਜਲਾਲ ਦਾ ਨਜ਼ਾਰਾ ਵੇਖਣ ਵਾਲਾ ਸੀ। ਹੋਲਾ ਮੁਹੱਲਾ ਦੇ ਅੱਜ ਅੰਤਿਮ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਇੱਕ ਨਗਰ ਕੀਰਤਨ ਮਹੱਲੇ ਦੇ ਰੂਪ ਵਿੱਚ ਕਢਿਆ ਗਿਆ ਅਤੇ ਗੁਰੂਦੁਆਰਾ ਗੁਰੂ ਕਾ ਬਾਗ ਤੋਂ ਕੱਢੇ ਗਏ ਮੁਹੱਲੇ ਵਿੱਚ ਅਲਗ ਅਲਗ ਨਿਹੰਗ-ਸਿੰਘ ਜਥੇਬੰਦੀਆਂ ਦੇ ਨਾਲ ਨਾਲ ਹਾਥੀ , ਘੋੜਿਆਂ ਤੇ ਸਵਾਰ ਹੋਕੇ ਖਾਲਸਾਈ ਫੌਜਾਂ ਨੀ ਪੂਰੇ ਜਾਹੋ ਜਲਾਲ ਦੇ ਨਾਲ ਜੈਕਾਰੇ ਲਗਾਉਂਦੇ ਹੋਏ ਸ਼ਮੂਲੀਅਤ ਕੀਤੀ ਅਤੇ ਇੱਕ ਦੂਜੇ ਤੇ ਗੁਲਾਲ ਵੀ ਸੁਟਿਆ। ਇਹ ਮਹੱਲਾ ਕਿਲ੍ਹਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਅਤੇ ਕਿਲਾ ਫਤਹਿਗੜ੍ਹ ਸਾਹਿਬ ਹੁੰਦਾ ਹੋਇਆ ਚਰਣ ਗੰਗਾ ਸਟੇਡੀਅਮ ਪਹੁੰਚਿਆ ਜਿੱਥੇ ਵੱਖ-ਵੱਖ ਨਿਹੰਗ ਸਿੰਘਾਂ ਵੱਲੋ ਖਾਲਸਾਈ ਖੇਡਾਂ ਅਤੇ ਰਵਾਇਤਾਂ ਅਤੇ ਜੰਗਜੂ ਕਰਤੱਵਾਂ ਦਾ ਪ੍ਰਦਰਸ਼ਨ ਕੀਤਾ ਗਿਆ। ਭਾਵੇਂ ਹੋਲਾ ਮੁਹੱਲਾ ਦੀ ਰਵਾਇਤਤਨ ਸਮਾਪਤੀ ਹੋ ਚੁੱਕੀ ਹੈ ਪ੍ਰੰਤੂ ਅਜੇ ਕੁਝ ਦਿਨ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਸੰਗਤਾਂ ਦੀ ਭਾਰੀ ਆਮਦ ਵੇਖਣ ਨੂੰ ਮਿਲਦੀ ਰਹੇਗੀ।

***ਸ੍ਰੀ ਅਨੰਦਪੁਰ ਸਾਹਿਬ ਤੋਂ ਅਵਤਾਰ ਸਿੰਘ ਨਾਲ, ਰਾਜੇਸ਼ ਬਾਲੀ, ਆਕਾਸ਼ਵਾਣੀ ਖ਼ਬਰਾਂ, ਜਲੰਧਰ***

ਓਧਰ ਹੋਲੇ ਮੋਹੱਲੇ ਦੇ ਪਾਵਨ ਦਿਹਾੜੇ ਮੌਕੇ ਅੰਮ੍ਰਿਤਸਰ ਵਿਖੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਰਵਾਇਤੀ ਨਗਰ ਕੀਰਤਨ ਸਜਾਇਆ ਗਿਆ। ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਹਰ ਸਾਲ ਹੋਲੇ ਮੋਹੱਲੇ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਰਵਾਇਤੀ ਨਗਰ ਕੀਰਤਨ ਸਜਾਇਆ ਜਾਂਦਾ ਏ। ਇਹ ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਬਜਾਰਾਂ ਵਿਚੋਂ ਹੁੰਦਾ ਹੋਇਆ ਬੁਰਜ ਗੁਰੁਦੁਆਰਾ ਅਕਾਲੀ ਫੂਲਾ ਸਿੰਘ ਵਿਖੇ ਪੁੱਜਾ ਤੇ ਵਾਪਿਸ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੁੱਜ ਕੇ ਸੰਪਨ ਹੋਇਆ।

---------------------------------------------------------

ਅਗਲੇ ਸਾਲ ਗਣਤੰਤਰ ਦਿਵਸ ਮੌਕੇ ਐਲਾਨੇ ਜਾਣ ਵਾਲੇ ਪਦਮ ਪੁਰਸਕਾਰ-2026 ਲਈ ਨਾਮਜ਼ਦਗੀਆਂ ਅੱਜ ਤੋਂ ਸ਼ੁਰੂ ਹੋ ਗਈਆਂ ਨੇ। ਪਦਮ ਪੁਰਸਕਾਰਾਂ ਲਈ ਨਾਮਜ਼ਦਗੀਆਂ ਦੀ ਆਖਰੀ ਮਿਤੀ 31 ਜੁਲਾਈ ਏ। ਪਦਮ ਪੁਰਸਕਾਰਾਂ ਲਈ ਨਾਮਜ਼ਦਗੀਆਂ ਤੇ ਸਿਫ਼ਾਰਸ਼ਾਂ ਸਿਰਫ਼

ਰਾਸ਼ਟਰੀ ਪੁਰਸਕਾਰ ਪੋਰਟਲ 'ਤੇ ਔਨਲਾਈਨ ਪ੍ਰਾਪਤ ਕੀਤੀਆਂ ਜਾਣਗੀਆਂ। ਪਦਮ ਪੁਰਸਕਾਰ - ਪਦਮ ਵਿਭੂਸ਼ਣ, ਪਦਮ ਭੂਸ਼ਣ ਤੇ ਪਦਮ ਸ੍ਰੀ, ਦੇਸ਼ ਦੇ ਸਭ ਤੋਂ ਉੱਚੇ ਨਾਗਰਿਕ ਪੁਰਸਕਾਰਾਂ ਵਿਚੋਂ ਇਕ ਨੇ। ਪੁਰਸਕਾਰ 'ਵਿਸ਼ੇਸ਼ਤਾ ਦੇ ਕੰਮ' ਨੂੰ ਮਾਨਤਾ ਦੇਣ ਦੀ ਕੋਸ਼ਿਸ਼ ਕਰਦੇ ਨੇ ਤੇ ਕਲਾ, ਸਾਹਿਤ ਤੇ ਸਿੱਖਿਆ, ਖੇਡਾਂ, ਦਵਾਈ, ਸਮਾਜਿਕ ਕਾਰਜ, ਵਿਗਿਆਨ ਅਤੇ ਇੰਜੀਨੀਅਰਿੰਗ, ਜਨਤਕ ਮਾਮਲੇ, ਸਿਵਲ ਸੇਵਾ, ਅਤੇ ਵਪਾਰ ਅਤੇ ਉਦਯੋਗ ਵਰਗੇ ਸਾਰੇ ਵਿਸ਼ਿਆਂ ਵਿੱਚ ਵਿਲੱਖਣ ਅਤੇ ਅਸਾਧਾਰਨ ਪ੍ਰਾਪਤੀਆਂ ਲਈ ਦਿੱਤੇ ਜਾਂਦੇ ਨੇ। ਨਸਲ, ਕਿੱਤੇ, ਅਹੁਦੇ ਜਾਂ ਲਿੰਗ ਦੇ ਭੇਦ ਤੋਂ ਬਿਨਾਂ ਸਾਰੇ ਵਿਅਕਤੀ ਇਨ੍ਹਾਂ ਪੁਰਸਕਾਰਾਂ ਲਈ ਯੋਗ ਨੇ।

-----------------------------------------------------

ਖਜਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ਹਿਰਾਂ ਵਿਚ ਵਿਸ਼ਵ ਪੱਧਰੀ ਸੜਕਾਂ ਵਿਕਸਤ ਕਰਨ ਲਈ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਇਸ ਪਹਿਲ ਦੇ ਸ਼ੁਰੂਆਤੀ ਪੜਾਅ ਵਿੱਚ ਤਿੰਨ ਵੱਡੇ ਸ਼ਹਿਰਾਂ ਅੰਮ੍ਰਿਤਸਰ, ਲੁਧਿਆਣਾ ਤੇ ਜਲੰਧਰ ਦੀ ਚੋਣ

ਕੀਤੀ ਗਈ ਏ। ਇਹ ਸ਼ਹਿਰ ਜਲਦੀ ਹੀ 140 ਕਰੋੜ ਰੁਪਏ ਤੋਂ ਵੱਧ ਦੇ ਇਸ ਪ੍ਰੋਜੈਕਟ ਤਹਿਤ ਆਪਣੀਆਂ 42 ਕਿਲੋਮੀਟਰ ਲੰਬੀਆਂ ਪ੍ਰਮੁੱਖ ਸੜਕਾਂ-ਗਲੀਆਂ ਨੂੰ ਡਿਜ਼ਾਈਨ ਕੀਤੇ ਗਏ ਸ਼ਹਿਰੀ ਸਥਾਨਾਂ ਵਿਚ ਬਦਲਣ ਦੀ ਗਵਾਹੀ ਭਰਨਗੇ। ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਚਾਰ ਮੁੱਖ ਗਤੀਵਿਧੀਆਂ ਦੀ ਰੂਪਰੇਖਾ ਉਲੀਕੀ ਗਈ ਏ। ਉਨ੍ਹਾਂ ਕਿਹਾ ਕਿ ਟਰੈਫਿਕ ਰੁਕਾਵਟਾਂ ਦੂਰ ਕਰਨ, ਸੜਕ ਦੀ ਇਕਸਾਰ ਚੌੜਾਈ ਨੂੰ ਯਕੀਨੀ ਬਣਾਉਣ ਤੇ ਨੁਕਸਾਨ ਰੋਕਣ ਲਈ ਡਰੇਨੇਜ ਸਿਸਟਮ ਨੂੰ ਦਰੁਸਤ ਕਰਦਿਆਂ ਸੜਕਾਂ ਨੂੰ ਵਿਆਪਕ ਰੂਪ ਨਾਲ ਡਿਜ਼ਾਇਨ ਕੀਤਾ ਜਾਵੇਗਾ।

---------------------------------------------------------

ਭਾਰਤੀ ਰਿਜ਼ਰਵ ਬੈਂਕ ਆਰ.ਬੀ.ਆਈ. ਨੂੰ ਯੂਕੇ ਦੇ ਲੰਡਨ ਵਿਖੇ ਸੈਂਟਰਲ ਬੈਂਕਿੰਗ ਦੁਆਰਾ ਡਿਜੀਟਲ ਟ੍ਰਾਂਸਫਾਰਮੇਸ਼ਨ ਅਵਾਰਡ 2025 ਲਈ ਚੁਣਿਆ ਗਿਆ ਏ। ਕੇਂਦਰੀ ਬੈਂਕ ਨੂੰ ਪ੍ਰਵਾਹ ਤੇ ਸਾਰਥੀ ਨਾਮਕ ਡਿਜੀਟਲ ਪਹਿਲਕਦਮੀਆਂ ਲਈ ਸਨਮਾਨਿਤ ਕੀਤਾ ਗਿਆ, ਜੋ ਕਿ ਇਸ ਦੀ ਅੰਦਰੂਨੀ ਡਿਵੈਲਪਰ ਟੀਮ ਦੁਆਰਾ ਵਿਕਸਤ

ਕੀਤੀਆਂ ਗਈਆਂ ਸਨ। ਪੁਰਸਕਾਰ ਕਮੇਟੀ ਨੇ ਨੋਟ ਕੀਤਾ ਕਿ ਕਿਵੇਂ ਇਹਨਾਂ ਡਿਜੀਟਲ ਪਹਿਲਕਦਮੀਆਂ ਨੇ ਕਾਗਜ਼-ਅਧਾਰਤ ਸਬਮਿਸ਼ਨਾਂ ਦੀ ਵਰਤੋਂ ਨੂੰ ਘਟਾ ਦਿੱਤਾ ਏ , ਇਸ ਤਰ੍ਹਾਂ ਆਰ.ਬੀ.ਆਈ. ਦੀਆਂ ਅੰਦਰੂਨੀ ਤੇ ਬਾਹਰੀ ਪ੍ਰਕਿਰਿਆਵਾਂ ਨੂੰ ਬਦਲ ਦਿੱਤਾ ਏ।

-----------------------------------------------------------

ਅੰਮ੍ਰਿਤਸਰ ਦੇ ਖੰਡਵਾਲਾ ਇਲਾਕੇ 'ਚ ਸਥਿਤ ਇੱਕ ਧਾਰਮਿਕ ਸਥਾਨ ਤੇ ਬੀਤੀ ਰਾਤ ਧਮਾਕਾ ਹੋਇਆ ਏ । ਮੋਟਰਸਾਈਕਲ ਸਵਾਰ ਦੋ ਹਮਲਾਵਰਾਂ ਨੇ ਇੱਥੇ ਬੰਬ ਵਰਗੀ ਕੋਈ ਚੀਜ਼ ਸੁੱਟੀ, ਜਿਸ ਨਾਲ ਇਹ ਧਮਾਕਾ ਹੋਏਆ । ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਿਸ ਨੇ ਸੀਸੀਟੀਵੀ ਫੁੱਟੇਜ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਏ । ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਦੋਵੇਂ ਨੌਜਵਾਨ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ ਸਨ। ਉਹ ਕੁਝ ਦੇਰ ਧਾਰਮਿਕ ਸਥਾਨ ਦੇ ਬਾਹਰ ਖੜ੍ਹੇ ਰਹੇ ਤੇ ਫਿਰ ਕੁਝ ਸੁੱਟ ਕੇ ਫਰਾਰ ਹੋ ਗਏ। ਜਿਵੇਂ ਹੀ ਉਹ ਉਥੋਂ ਭੱਜੇ ਤਾਂ ਜ਼ਬਰਦਸਤ ਧਮਾਕਾ ਹੋ ਗਿਆ । ਪੁਲਿਸ ਕਮਿਸ਼ਨਰ ਨੇ ਕਿਹਾ ਕਿ ਹਰ ਰੋਜ਼ ਪਾਕਿਸਤਾਨੀ ਏਜੰਸੀਆਂ

ਸਾਡੇ ਗਰੀਬ ਪਰਿਵਾਰਾਂ ਦੇ ਨੌਜਵਾਨਾਂ ਨੂੰ ਅਜਿਹੀਆਂ ਹਰਕਤਾਂ ਕਰਨ ਲਈ ਉਕਸਾਉਂਦੀਆਂ ਨੇ।

**Byte**

ਓਧਰ ਸ੍ਰੀ ਹਰਿਮੰਦਰ ਸਾਹਿਬ ਦੀ ਇਕ ਸਰਾਂ ਵਿਖੇ ਵਾਪਰੀ ਘਟਨਾ, ਜਿਸ ਵਿਚ ਇੱਕ ਵਿਅਕਤੀ ਨੇ ਕੁਝ ਲੋਕਾਂ ਨੂੰ ਰਾਡ ਮਾਰ ਕੇ ਜ਼ਖਮੀ ਕਰ ਦਿੱਤਾ ਸੀ, ਬਾਰੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸ਼ੱਕੀ ਹਮਲਾਵਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ। ਉਹਨਾਂ ਜਾਣਕਾਰੀ ਦਿੱਤੀ ਕਿ ਉਕਤ ਵਿਅਕਤੀ ਦੀ ਪਛਾਣ ਹਰਿਆਣਾ ਦੇ ਯਮੁਨਾ ਨਗਰ ਦੇ ਸ਼ਾਦੀਪੁਰ ਨਿਵਾਸੀ ਗੁਲਫਾਨ ਵਜੋਂ ਹੋਈ ਏ। ਭੁੱਲਰ ਨੇ ਕਿਹਾ ਕਿ ਸਥਿਤੀ ਹੁਣ ਕਾਬੂ ਹੇਠ ਏ ਤੇ ਜਾਂਚ ਜਾਰੀ ਏ।

---------------------------------------------------

ਜਲੰਧਰ ਦੇ ਵਿਧਾਇਕ ਰਮਨ ਅਰੋੜਾ ਨੇ ਫੂਡ ਅਤੇ ਡਰੱਗ ਅਡਮਿਨੀਸਟ੍ਰੇਸ਼ਨ ਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਰੈਡ ਕਰਾਸ ਭਵਨ ਵਿਖੇ ਲਗਾਏ ਗਏ 'ਈਟ ਰਾਈਟ' ਮੇਲੇ ਦਾ ਉਦਘਾਟਨ ਕੀਤਾ. ਇਸ ਮੌਕੇ

ਸੰਬੋਧਨ ਕਰਦਿਆਂ ਵਿਧਾਇਕ ਨੇ ਨਿਰੋਗੀ ਜੀਵਨ ਲਈ ਪੌਸ਼ਟਿਕ ਖੁਰਾਕ ਤੇ ਸਰੀਰਕ ਕਸਰਤ ਦੀ ਮਹੱਤਤਾ ’ਤੇ ਚਾਨਣਾ ਪਾਇਆ। ਉਨ੍ਹਾਂ ਸਿਹਤਮੰਦ ਰਹਿਣ ਲਈ ਲੋਕਾਂ ਨੂੰ ਰਵਾਇਤੀ ਖਾਣੇ ਦੇ ਨਾਲ-ਨਾਲ ਸਰੀਰਿਕ ਕਸਰਤ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ। ਇਸ ਮੌਕੇ ਵਿਧਾਇਕ ਨੇ ਕਿਹਾ ਕਿ ਸੂਬੇ ਨੂੰ ‘ਰੰਗਲਾ ਤੇ ਸਿਹਤਮੰਦ ਪੰਜਾਬ’ ਬਣਾਉਣ ਲਈ ਸੂਬਾ ਸਰਕਾਰ ਵਲੋਂ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਏ । ਇਸ ਤੋਂ ਪਹਿਲਾਂ ਵਧੀਕ ਡਿਪਟੀ ਕਮਿਸ਼ਨਰ (ਜ) ਅਪਰਨਾ ਐਮ.ਬੀ. ਨੇ ਕਿਹਾ ਕਿ ਇਹ ਮੇਲਾ ਕਰਵਾਉਣ ਦਾ ਮਕਸਦ ਲੋਕਾਂ ਨੂੰ ਸਰੀਰਕ ਤੇ ਮਾਨਸਿਕ ਸਿਹਤ ਲਈ ਬਾਰੇ ਜਾਗੂਰਕ ਕਰਨਾ ਏ।

------------------------------------------------------------

ਹੁਸ਼ਿਆਰਪੁਰ ਵਿਖੇ  ਰਾਸ਼ਟਰੀ ਪੱਧਰ ਦੀ ਵੁਸ਼ੂ ਖਿਡਾਰਨ ਅੰਜਲੀ ਗਿੱਲ ਦੀ ਟਾਂਡਾ ਨੇੜੇ ਸੜਕ ਹਾਦਸੇ ਵਿੱਚ ਮੌਤ ਹੋ ਗਈ । ਅੰਜਲੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਗੁਰਦੁਆਰਾ ਸਾਹਿਬ ਤੋਂ ਵਾਪਸ ਪਰਤ ਰਹੀ ਸੀ ਜਦੋਂ ਸ੍ਰੀ ਆਨੰਦਪੁਰ ਸਾਹਿਬ ਦੇ ਹੋਲਾ ਮੁਹੱਲਾ ਤੋਂ ਵਾਪਸ ਆ

ਰਹੀ ਤੇਜ਼ ਰਫਤਾਰ ਟਰੈਕਟਰ ਟਰਾਲੀ ਨੇ ਪਿੰਡ ਕੋਟਲੀ ਜੰਡ ਨੇੜੇ ਉਸ ਨੂੰ ਟੱਕਰ ਮਾਰ ਦਿੱਤੀ। ਹਾਦਸੇ 'ਚ ਅੰਜਲੀ ਗੰਭੀਰ ਰੂਪ 'ਚ ਜ਼ਖਮੀ ਹੋ ਗਈ। ਉਸ ਨੂੰ ਨਜ਼ਦੀਕੀ ਹਸਪਤਾਲ ਲਿਜਾਇਆ ਗਿਆ, ਜਿੱਥੋਂ ਗੰਭੀਰ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਜਲੰਧਰ ਦੇ ਸਪੈਸ਼ਲਿਟੀ ਹਸਪਤਾਲ ਰੈਫਰ ਕਰ ਦਿੱਤਾ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਅੰਜਲੀ ਰਾਸ਼ਟਰੀ ਪੱਧਰ ਦੀ ਵੁਸ਼ੂ ਖਿਡਾਰਨ ਸੀ ਤੇ ਟਾਂਡਾ ਸਪੋਰਟਸ ਕਲੱਬ ਵਿੱਚ ਕੋਚ ਵਜੋਂ ਕੰਮ ਕਰ ਰਹੀ ਸੀ।

-----------------------------------------------------------------

ਪਾਕਿਸਤਾਨ ਦੇ ਬਲੋਚਿਸਤਾਨ ਵਿੱਚ, ਬਲੋਚ ਲਿਬਰੇਸ਼ਨ ਆਰਮੀ (ਬੀਐਲਏ) ਨੇ ਦਾਅਵਾ ਕੀਤਾ ਏ ਕਿ ਉਸ ਨੇ ਜਾਫਰ ਐਕਸਪ੍ਰੈਸ ਯਾਤਰੀ ਰੇਲਗੱਡੀ ਦੇ ਸਾਰੇ 214 ਬੰਧਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਏ। ਬਾਗ਼ੀ ਸੰਗਠਨ ਦੇ ਬੁਲਾਰੇ ਜੀਅੰਦ ਬਲੋਚ ਨੇ ਕਿਹਾ ਏ ਕਿ ਪਾਕਿਸਤਾਨੀ ਫੌਜ ਕੈਦੀਆਂ ਦੇ ਆਦਾਨ-ਪ੍ਰਦਾਨ ਲਈ 48 ਘੰਟੇ ਦੇ ਅਲਟੀਮੇਟਮ ਦਾ ਜਵਾਬ ਦੇਣ ਵਿਚ ਅਸਫਲ ਰਹੀਆਂ, ਜਿਸ ਕਾਰਨ ਬੰਧਕਾਂ ਨੂੰ ਸਮੂਹਿਕ ਮੌਤ ਦੀ ਸਜ਼ਾ ਦਿੱਤੀ ਗਈ। ਬਾਗ਼ੀ

ਸੰਗਠਨ ਨੇ ਅੱਗੇ ਦਾਅਵਾ ਕੀਤਾ ਕਿ ਉਸ ਨੇ ਹਮੇਸ਼ਾ ਅੰਤਰਰਾਸ਼ਟਰੀ ਕਾਨੂੰਨ ਅਨੁਸਾਰ ਕੰਮ ਕੀਤਾ ਏ , ਪਰ ਪਾਕਿਸਤਾਨ ਦੀ ਜ਼ਿੱਦ ਨੇ ਉਨ੍ਹਾਂ ਨੂੰ ਅਜਿਹਾ ਕਰਨ ਲਈ ਮਜਬੂਰ ਕੀਤਾ। ਬੀਐਲਏ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੇ ਲੜਾਕਿਆਂ, ਜਿਨ੍ਹਾਂ ਨੂੰ ਫਿਦਾਇਨ ਵਜੋਂ ਜਾਣਿਆ ਜਾਂਦਾ ਏ, ਨੇ ਆਖਰੀ ਗੋਲੀ ਤੱਕ ਲੜਨ ਦੇ ਇਰਾਦੇ ਨਾਲ ਕਾਰਵਾਈ ਕੀਤੀ, ਅੰਤ ਵਿੱਚ ਬੰਧਕਾਂ ਨੂੰ ਮਾਰਨ ਤੇ ਪਾਕਿਸਤਾਨੀ ਫੌਜ ਨਾਲ ਟਕਰਾਉਣ ਤੋਂ ਬਾਅਦ ਆਪਣੀਆਂ ਜਾਨਾਂ ਲੈ ਲਈਆਂ । ਇਸ ਤੋਂ ਪਹਿਲਾਂ, ਪਾਕਿਸਤਾਨੀ ਸੁਰੱਖਿਆ ਸੂਤਰਾਂ ਨੇ ਦਾਅਵਾ ਕੀਤਾ ਸੀ ਕਿ ਬਲੋਚਿਸਤਾਨ ਵਿੱਚ ਰੇਲ ਗੱਡੀ ਦੇ ਅਗਵਾ ਹੋਣ ਤੋਂ ਬਾਅਦ ਸ਼ੁਰੂ ਕੀਤਾ ਗਿਆ ਜਾਫਰ ਐਕਸਪ੍ਰੈਸ ਕਲੀਅਰੈਂਸ ਆਪ੍ਰੇਸ਼ਨ ਪੂਰਾ ਹੋ ਗਿਆ ਸੀ। ਸੂਤਰਾਂ ਨੇ ਦਾਅਵਾ ਕੀਤਾ ਸੀ ਕਿ ਘੱਟੋ-ਘੱਟ 346 ਬੰਧਕਾਂ ਨੂੰ ਬਚਾਇਆ ਗਿਆ ਸੀ ਤੇ ਸਾਰੇ 33 ਹਮਲਾਵਰਾਂ ਨੂੰ ਮਾਰ ਦਿੱਤਾ ਗਿਆ ਸੀ ।

---------------------------------------------------

- ਖਪਤਕਾਰਾਂ ਦੇ ਅਧਿਕਾਰਾਂ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮਨਾਇਆ ਜਾ ਰਿਹਾ ਏ।
- ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੀ ਹੋਈ ਸਮਾਪਤੀ. ਸ੍ਰੀ ਕੇਸਗੜ੍ਹ ਸਾਹਿਬ ਤੋਂ ਸਜਾਇਆ ਗਿਆ ਮਹੱਲਾ, ਨਿਹੰਗ ਸਿੰਘਾਂ ਨੇ ਕੀਤੀ ਸ਼ਮੂਲੀਅਤ ।
- ਅਗਲੇ ਸਾਲ ਗਣਤੰਤਰ ਦਿਵਸ ਮੌਕੇ ਐਲਾਨੇ ਜਾਣ ਵਾਲੇ ਪਦਮ ਪੁਰਸਕਾਰ-2026 ਲਈ ਨਾਮਜ਼ਦਗੀਆਂ ਅੱਜ ਤੋਂ ਸ਼ੁਰੂ ਹੋ ਗਈਆਂ ਨੇ।
- ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ਹਿਰਾਂ ਵਿਚ ਵਿਸ਼ਵ ਪੱਧਰੀ ਸੜਕਾਂ ਵਿਕਸਤ ਕਰਨ ਲਈ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕਰਨ ਦਾ ਕੀਤਾ ਐਲਾਨ।
- ਭਾਰਤੀ ਰਿਜ਼ਰਵ ਬੈਂਕ ਨੂੰ  ਲੰਡਨ ਵਿਖੇ ਸੈਂਟਰਲ ਬੈਂਕਿੰਗ ਦੁਆਰਾ ਡਿਜੀਟਲ ਟ੍ਰਾਂਸਫਾਰਮੇਸ਼ਨ ਅਵਾਰਡ 2025 ਲਈ ਚੁਣਿਆ ਗਿਆ ਏ ।